# ਨਗਰ ਨਿਗਮ ਹੁਸ਼ਿਆਰਪੁਰ

## ਪ੍ਰੈਸ ਨੋਟ

## ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਕੀਤਾ ਨਵੇਂ ਐਸ.ਐਸ.ਪੀ ਦਾ ਸਨਮਾਨ

## ਸ਼ਹਿਰ ਦੀ ਕਾਨੂੰਨ ਅਤੇ ਟ੍ਰੈਫਿਕ ਵਿਵਸਥਾ ਸੰਬੰਧੀ ਕੀਤਾ ਵਿਚਾਰ ਵਟਾਂਦਰਾਂ

ਹੁਸ਼ਿਆਰਪੁਰ 07 ਜੁਲਾਈ ਹੁਸ਼ਿਆਰਪੁਰ ਦੇ ਨਵੇਂ ਐਸ.ਐਸ.ਪੀ. ਜੇ.ਇਲਨਚੇਲੀਅਨ ਦਾ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਉਹਨਾਂ ਵੱਲੋਂ ਆਪਣਾ ਅਹੁੱਦਾ ਸੰਭਾਲਣ ਤੇ ਉਹਨਾਂ ਦਾ ਸਵਾਗਤ ਅਤੇ ਸਨਮਾਨ ਕੀਤਾ ਕੌਂਸਲਰ ਨਿਪੁੰਨ ਸ਼ਰਮਾ, ਸੁਰੇਸ਼ ਭਾਟੀਆ ਬਿੱਟੂ, ਸੰਤੋਖ ਸਿੰਘ ਔਜਲਾ, ਮਨਜੀਤ ਸਿੰਘ ਰਾਏ ਵੀ ਇਸ ਮੌਕੇ ਤੇ ਇਹਨਾਂ ਦੇ ਨਾਲ ਸਨ।

ਮੇਅਰ ਸ਼ਿਵ ਸੂਦ ਨੇ ਇਸ ਮੌਕੇ ਤੇ ਆਉਣ ਵਾਲੇ ਚਿੰਤਪੁਰਨੀ ਮੇਲੇ ਦੌਰਾਨ ਨਗਰ ਨਿਗਮ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਕੀਤੇ ਜਾਣ ਵਾਲੇ ਪ੍ਰੰਬਧਾਂ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਦਰਾਂ ਕੀਤਾ ਮੇਅਰ ਸ਼ਿਵ ਸੂਦ ਨੇ ਐਸ.ਐਸ.ਪੀ. ਨੂੰ ਸ਼ਹਿਰ ਦੀ ਟ੍ਰੈਫਿਕ ਨੂੰ ਚੰਗੇ ਤਰੀਕੇ ਦੇ ਨਾਲ ਚਲਾਉਣ ਵਾਸਤੇ ਉਹਨਾਂ ਦਾ ਸਹਿਯੋਗ ਮੰਗਿਆ ਅਤੇ ਉਹਨਾਂ ਵਿਸ਼ਵਾਸ ਦੁਆਇਆ ਕਿ ਇਸ ਕੰਮ ਲਈ ਨਗਰ ਨਿਗਮ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ। ਮੇਅਰ ਸ਼ਿਵ ਸੂਦ ਨੇ ਸ਼ਹਿਰ ਵਿੱਚ ਪੀ.ਸੀ.ਆਰ ਦੀ ਪੇਟਰੋਲਿੰਗ ਵਧਾਉਣ ਅਤੇ ਗੈਰ ਕਾਨੂੰਨੀ ਅੰਸ਼ਰਾਂ ਤੇ ਨੱਥ ਪਾਉਣ ਲਈ ਕਿਹਾ ਐਸ.ਐਸ.ਪੀ. ਹੁਸ਼ਿਆਰਪੁਰ ਨੇ ਭਰੋਸਾ ਦੁਆਇਆ ਕਿ ਉਹਨਾਂ ਵੱਲੋਂ ਸ਼ਹਿਰ ਦੀ ਕਾਨੂੰਨ ਵਿਵਸਥਾ ਅਤੇ ਟ੍ਰੈਫਿਕ ਵਿਵਸਥਾ ਵਿੱਚ ਸੁਧਾਰ ਲਿਆਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ।